# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :16-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਅੱਜ ਦੇਸ਼ ਆਸਾਂ ਉਮੀਦਾਂ ਅਤੇ ਸਿਰਜਣਾ ਵਿੱਚ ਵਿਸ਼ਵਾਸ ਰੱਖਦਾ ਏ,ਅਤੇ ਨੌਜਵਾਨ ਪੀੜ੍ਹੀ ਉਹ ਸਭ ਕੁਝ ਸਿਰਜ ਰਹੀ ਏ ਜਿਸਦਾ ਕਦੇ ਸੁਪਨਾ ਦੇਖਿਆ ਜਾਂਦਾ ਸੀ। ਸ਼੍ਰੀ ਮੋਦੀ ਨੇ ਕੇਂਦਰੀ ਮੰਤਰੀ ਪਿਊਸ਼ ਗੋਇਲ ਦਾ ਇੱਕ ਲੇਖ ਸਾਂਝਾ ਕਰਦਿਆਂ ਕਿਹਾ ਕਿ ਇਹ ਲੇਖ ਦੇਸ਼ ਦੇ ਸਟਾਰਟਅੱਪ ਈਕੋਸਿਸਟਮ ਨੂੰ ਉਜਾਗਰ ਕਰਦਾ ਏ, ਜੋ ਨਵੇਂ ਉੱਦਮੀਆਂ ਨੂੰ ਇੱਕ ਸਮਾਵੇਸ਼ੀ ਵਾਤਾਵਰਣ ਵਿੱਚ ਵਧਣ ਵਿੱਚ ਮਦਦ ਕਰ ਰਿਹਾ ਏ ਅਤੇ ਇੱਕ ਵਿਕਸਤ ਭਾਰਤ ਲਈ, ਅਣਗਿਣਤ ਮੌਕਿਆਂ 'ਤੇ ਵਿਚਾਰ ਕਰਨ ਦਾ ਮੌਕਾ ਪ੍ਰਦਾਨ ਕਰ ਰਿਹਾ ਏ ।

---------------------------------------------------------

ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ ਕਿਹਾ ਕਿ ਭਾਰਤ ਦੇ ਸਟਾਰਟਅੱਪ ਈਕੋਸਿਸਟਮ ਨੇ ਪਿਛਲੇ ਦਹਾਕੇ ਦੌਰਾਨ

ਇਤਿਹਾਸਕ ਮੀਲ ਪੱਥਰ ਪ੍ਰਾਪਤ ਕੀਤੇ ਨੇ, ਜੋ ਕਾਡਾਂ , ਲਗਨ ਅਤੇ ਆਲਮੀ  ਮਾਨਤਾ ਦੀ ਯਾਤਰਾ ਨੂੰ ਦਰਸਾਉਂਦਾ ਏ ।
10ਵੇਂ ਰਾਸ਼ਟਰੀ ਸਟਾਰਟਅੱਪ ਦਿਵਸ ਦੇ ਮੌਕੇ 'ਤੇ ਉੱਦਮੀਆਂ, ਕਾਡਾਂ ਕਰਨ ਵਾਲਿਆਂ ਅਤੇ ਉਦਯੋਗ ਦੇ ਨੇਤਾਵਾਂ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਗੋਇਲ ਨੇ ਭਾਰਤ ਦੀ ਸਟਾਰਟਅੱਪ ਯਾਤਰਾ ਨੂੰ ਸਫਲਤਾ ਅਤੇ ਵਿਕਾਸ ਦੀ ਇੱਕ ਬੇਮਿਸਾਲ ਗਾਥਾ ਦੱਸਿਆ । ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸਟਾਰਟਅੱਪ , ਛੋਟੀ ਸ਼ੁਰੂਆਤ ਤੋਂ ਵਧ ਕੇ ਅੱਜ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਬਣ ਗਿਆ ਏ । ਉਨ੍ਹਾਂ ਨੇ ਭਾਰਤ ਦੀ ਸਟਾਰਟਅੱਪ ਯਾਤਰਾ ਦਾ ਹਿੱਸਾ ਬਣਨ ਲਈ ਦੇਸ਼ ਦੇ ਨੌਜਵਾਨਾਂ ਦੀ ਪ੍ਰਸ਼ੰਸਾ ਕੀਤੀ।

-----------------------------------------------------

ਸਰਕਾਰ ਆਉਣ ਵਾਲੇ ਬਜਟ ਇਜਲਾਸ ਵਿੱਚ ਬੀਜ ਐਕਟ 2026 ਪੇਸ਼ ਕਰੇਗੀ। ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਇਸ ਕਾਨੂੰਨ ਦਾ ਉਦੇਸ਼, ਮਾੜੀ-ਗੁਣਵੱਤਾ ਵਾਲੇ, ਨਕਲੀ ਅਤੇ ਅਣ-ਅਧਿਕਾਰਤ ਬੀਜਾਂ ਦੀ ਵਿਕਰੀ ਨੂੰ ਰੋਕਣਾ ਏ । ਇਸਦਾ ਟੀਚਾ ਕਿਸਾਨਾਂ ਨੂੰ ਉੱਚ-ਗੁਣਵੱਤਾ ਵਾਲੇ, ਪ੍ਰਮਾਣਿਤ ਬੀਜ ਪ੍ਰਦਾਨ ਕਰਨਾ ਅਤੇ

ਜਲਵਾਯੂ-ਪੱਖੀ ਕਿਸਮਾਂ ਨੂੰ ਉਤਸ਼ਾਹਿਤ ਕਰਨਾ ਏ। ਉਨ੍ਹਾਂ ਕਿਹਾ ਕਿ ਨਵਾਂ ਕਾਨੂੰਨ ਜਾਣਕਾਰੀ ਤੱਕ ਪਹੁੰਚ ਦੀ ਸਹੂਲਤ ਵੀ ਦੇਵੇਗਾ।

BYTE

---------------------------------------------------------

ਮੋਹਾਲੀ ਜੰਗਲਾਤ ਡਿਵੀਜ਼ਨ ਮੰਡਲ ਵੱਲੋਂ ਸਿਸਵਾਂ-ਮਿਰਜ਼ਾਪੁਰ ਜੰਗਲ ਖੇਤਰ ਵਿੱਚ ਵਾਤਾਵਰਣ ਸੁਰੱਖਿਆ ਅਤੇ ਈਕੋ-ਟੂਰਿਜ਼ਮ ਨੂੰ ਉਤਸ਼ਾਹਿਤ ਕਰਨ ਲਈ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਨੂੰ ਲੋਕਾਂ ਵੱਲੋਂ ਬਹੁਤ ਹੀ ਉਤਸ਼ਾਹਪੂਰਵਕ ਸਹਿਯੋਗ ਮਿਲ ਰਿਹਾ ਏ।

ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਲਗਭਗ 5 ਕਿਲੋਮੀਟਰ ਲੰਬਾ ਸਿਸਵਾਂ ਤੋਂ ਮਿਰਜ਼ਾਪੁਰ ਨੇਚਰ ਟ੍ਰੈਕ ਨੂੰ ਕੁਦਰਤੀ ਸੁੰਦਰਤਾ, ਹਰੇ-ਭਰੇ ਜੰਗਲਾਤੀ ਦ੍ਰਿਸ਼ਾਂ, ਸੁੰਦਰ ਦ੍ਰਿਸ਼ਟਿਕੋਣਾਂ ਅਤੇ ਵਾਚ ਟਾਵਰਾਂ ਕਰਕੇ ਲੋਕਾਂ ਵਿੱਚ ਬਹੁਤ ਮਕਬੂਲ ਬਣ ਚੁੱਕਾ ਏ। ਸਿਸਵਾਂ ਡੈਮ ਵਿਖੇ ਬੋਟਿੰਗ ਦੀ ਸਹੂਲਤ, ਸੁਚੱਜੀਆਂ ਕੈਂਟੀਨ ਸੇਵਾਵਾਂ ਅਤੇ ਤਿੰਨ ਈਕੋ-ਹੱਟਾਂ ਸੈਲਾਨੀਆਂ ਨੂੰ ਸ਼ਾਨਦਾਰ ਤਜਰਬਾ ਪ੍ਰਦਾਨ ਕਰ ਰਹੀਆਂ ਨੇ। ਇਸ ਤੋਂ ਇਲਾਵਾ, ਡਿਵੀਜ਼ਨ ਵੱਲੋਂ ਹੋਰ ਨੇਚਰ ਟ੍ਰੇਲ ਅਤੇ ਟ੍ਰੈਕਿੰਗ ਰੂਟ ਤਿਆਰ ਕੀਤੇ ਜਾ ਰਹੇ ਹਨ, ਜੋ ਛੇਤੀ ਹੀ ਲੋਕਾਂ ਲਈ ਖੋਲ੍ਹੇ ਜਾਣਗੇ। ਉਨ੍ਹਾਂ ਦਸਿਆ ਕਿ 25 ਦਸੰਬਰ ਨੂੰ ਸਿਸਵਾਂ ਡੈਮ ਵਿਖੇ ਇੱਕ ਸਫ਼ਲ ਕੁਦਰਤ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ,

ਜਿਸ ਵਿੱਚ ਪਹਿਲਾਂ ਸਾਈਕਲਿੰਗ ਮੁਕਾਬਲੇ ਅਤੇ ਫਿਰ ਟ੍ਰੈਕਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸਦੇ ਨਾਲ-ਨਾਲ ਸਕੂਲ ਦੇ ਬੱਚਿਆਂ ਦੀ ਨਿਯਮਿਤ ਸਿੱਖਿਆਤਮਕ ਯਾਤਰਾ ਵੀ ਸਿਸਵਾਂ ਨੇਚਰ ਅਵੇਅਰਨੈੱਸ ਕੈਂਪ ਵਿੱਚ ਕਰਵਾਈ ਜਾ ਰਹੀ ਏ, ਤਾਂ ਜੋ ਨਵੀਂ ਪੀੜ੍ਹੀ ਵਿੱਚ ਵਾਤਾਵਰਣ ਸੰਭਾਲ ਦੀ ਭਾਵਨਾ ਵਿਕਸਿਤ ਕੀਤੀ ਜਾ ਸਕੇ। ਮੋਹਾਲੀ ਜੰਗਲਾਤ ਡਿਵੀਜ਼ਨ ਵੱਲੋਂ ਕੁਦਰਤ ਦੀ ਸੁਰੱਖਿਆ, ਜ਼ਿੰਮੇਵਾਰ ਈਕੋ-ਟੂਰਿਜ਼ਮ, ਵਾਤਾਵਰਣ ਸਿੱਖਿਆ ਅਤੇ ਸਮੁਦਾਇਕ ਭਾਗੀਦਾਰੀ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਏ ।

---------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪੈ ਰਹੀ ਠੰਢ ਅਤੇ ਸੰਘਣੀ ਧੁੰਦ ਨੂੰ ਵੇਖਦਿਆਂ ਸਕੂਲਾਂ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਏ । ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਹੁਣ  ਪ੍ਰਾਇਮਰੀ ਸਕੂਲ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ, ਜਦੋਂ ਕਿ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜਕੇ 20 ਵਜੇ ਤੱਕ ਖੁੱਲ੍ਹਣਗੇ। ਇਹ ਨਵਾਂ ਸਮਾਂ 21 ਜਨਵਰੀ ਤੱਕ ਲਾਗੂ ਰਹੇਗਾ। ਸ਼੍ਰੀ ਬੈਂਸ ਨੇ ਕਿਹਾ ਕਿ ਵਿਦਿਆਰਥੀਆਂ ਦੀ ਭਲਾਈ ਤੇ ਸੁਰੱਖਿਆ ਸਰਕਾਰ ਈ ਪ੍ਰਮੁੱਖ ਤਰਜੀਹ ਏ । ਉਨ੍ਹਾਂ ਨੇ ਸਕੂਲ ਮੁਖੀਆਂ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਸੂਬੇ ਭਰ ਦੇ ਸਾਰੇ ਸਰਕਾਰੀ,

ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲਾਂ ਵਿੱਚ ਇਸ ਸੋਧੇ ਹੋਏ ਸਮੇਂ ਦੇ ਲਾਗੂਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ ।

---------------------------------------------------------------

ਅੰਮ੍ਰਿਤਸਰ ਪੁਲਿਸ ਨੇ ਮੋਗਾ ਜ਼ਿਲ੍ਹੇ ਦੇ ਪਿੰਡ ਕੋਟ ਇਸੇ ਖਾਂ ਤੋਂ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਦਿਆਂ 40 ਕਿਲੋ ਹੈਰੋਇਨ ਅਤੇ 2 ਕਾਰਾਂ ਬਰਾਮਦ ਕੀਤੀਆਂ ਨੇ । ਕਾਊਂਟਰ ਇੰਟੈਲੀਜੈਂਸ ਟੀਮ ਨੇ ਨਸ਼ਾ ਤਸਕਰੀ ਦੇ ਇੱਕ ਵੱਡੇ ਮਾਡਿਊਲ ਦਾ ਪਰਦਾਫ਼ਾਸ਼ ਕਰਦਿਆਂ ਇਸ ਕਾਰਵਾਈ ਵਿੱਚ ਗ੍ਰਿਫ਼ਤਾਰ ਮੁਲਜ਼ਮਾਂ ਨੂੰ ਅੰਮ੍ਰਿਤਸਰ ਦੀ ਅਦਾਲਤ ਵਿੱਚ ਪੇਸ਼ ਕੀਤਾ । ਅਦਾਲਤ ਨੇ ਮੁਲਜ਼ਮਾਂ ਨੂੰ ਦੋ ਦਿਨਾਂ ਪੁਲਿਸ ਰਿਮਾਂਡ ਵਿਚ ਭੇਜਿਆ ਏ । ਸਾਡੇ ਪੱਤਰਕਾਰ ਨੇ ਦਸਿਆ ਏ ਮੁਲਜ਼ਮਾਂ ਨੇ ਇਹ ਵੱਡੀ ਖੇਪ ਇੱਕ ਨਸ਼ਾ ਤਸਕਰ ਦੇ ਹੁਕਮਾਂ ‘ਤੇ ਇਕੱਠੀ ਕੀਤੀ ਸੀ, ਜਿਸ ਨੂੰ ਸੂਬੇ ਦੇ ਵੱਖ-ਵੱਖ ਇਲਾਕਿਆਂ ਵਿੱਚ ਅੱਗੇ ਸਪਲਾਈ ਕੀਤਾ ਜਾਣਾ ਸੀ । ਇਸ ਮਾਮਲੇ ਵਿਚ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰਾਖੰਡ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ ਕੀਤਾ ਏ । ਮੌਸਮ ਵਿਭਾਗ ਨੇ ਮੰਗਲਵਾਰ ਤੱਕ ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਲੱਦਾਖ, ਪੱਛਮੀ ਬੰਗਾਲ ਅਤੇ

ਸਿੱਕਮ ਵਿੱਚ ਵੀ ਵੱਖ-ਵੱਖ ਥਾਵਾਂ 'ਤੇ ਸੰਘਣੀ ਧੁੰਦ ਦੀ ਪੇਸ਼ੀਨਗੋਈ ਵੀ ਕੀਤੀ ਏ. ਵਿਭਾਗ ਨੇ ਕਿਹਾ ਏ ਕਿ ਅੱਜ ਹਰਿਆਣਾ, ਚੰਡੀਗੜ੍ਹ ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਵਿੱਚ ਸੀਤ ਲਹਿਰ ਦੀ ਸਥਿਤੀ ਜਾਰੀ ਰਹੇਗੀ।

-----------------------------------------------------------